# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

## 13:10

**ਮਿਤੀ :24-12-2025**

ਭਾਰਤੀ ਪੁਲਾੜ ਖੋਜ ਸੰਗਠਨ (ਇਸਰੋ) ਨੇ ਅੱਜ ਆਂਧਰਾ ਪ੍ਰਦੇਸ਼ ਦੇ ਸ੍ਰੀਹਰੀਕੋਟਾ ਤੋਂ ਆਪਣੇ ਸਭ ਤੋਂ ਭਾਰੀ ਪੁਲਾੜ ਵਾਹਨ LVM3-M6 ਰਾਹੀਂ ਅਗਲੀ ਪੀੜ੍ਹੀ ਦੇ ਅਮਰੀਕੀ ਸੰਚਾਰ ਉਪਗ੍ਰਹਿ, BlueBird Block-2 ਦਾ ਸਫਲਤਾਪੂਰਵਕ ਪਰੀਖਣ ਕੀਤਾ। ਇਹ ਪਰੀਖਣ, ਸਤੀਸ਼ ਧਵਨ ਪੁਲਾੜ ਕੇਂਦਰ ਤੋਂ ਭਾਰਤੀ ਸਮੇਂ ਅਨੁਸਾਰ ਸਵੇਰੇ 8 ਵਜ ਕੇ 55 ਮਿੰਟ 'ਤੇ ਕੀਤਾ ਗਿਆ। ਲਗਭਗ 15 ਮਿੰਟ ਦੀ ਉਡਾਣ ਤੋਂ ਬਾਅਦ, BlueBird Block-2, ਪੁਲਾੜ ਯਾਨ ਤੋਂ ਵੱਖ ਹੋ ਗਿਆ ਅਤੇ ਸਫਲਤਾਪੂਰਵਕ ਆਪਣੇ ਨਿਰਧਾਰਤ ਪੰਧ ਵਿੱਚ ਸਥਾਪਿਤ ਹੋ ਗਿਆ। ਇਸ ਮੌਕੇ, ਇਸਰੋ ਦੇ ਚੇਅਰਮੈਨ, ਵੀ. ਨਾਰਾਇਣਨ ਨੇ ਅਮਰੀਕੀ ਕੰਪਨੀ AST ਸਪੇਸ-ਮੋਬਾਈਲ ਦੇ BlueBird Block-2 ਸੰਚਾਰ ਉਪਗ੍ਰਹਿ ਦੇ ਸਫਲ ਪਰੀਖਣ ਦੀ ਸ਼ਲਾਘਾ ਕਰਦਿਆਂ ਕਿਹਾ...Byte 28 ਉਪ ਰਾਸ਼ਟਰਪਤੀ ਸੀ. ਪੀ. ਰਾਧਾਕ੍ਰਿਸ਼ਨਨ, ਪ੍ਰਧਾਨ ਮੰਤਰੀ ਨਰੇਂਦਰ ਮੋਦੀ, ਗ੍ਰਹਿ ਮੰਤਰੀ ਅਮਿਤ ਸ਼ਾਹ ਅਤੇ ਵਿਗਿਆਨ ਅਤੇ ਤਕਨਾਲੋਜੀ

ਮੰਤਰੀ, ਡਾ. ਜਿਤੇਂਦਰ ਸਿੰਘ ਨੇ ਮਿਸ਼ਨ ਦੇ ਸਫਲ ਪਰੀਖਣ 'ਤੇ ਇਸਰੋ ਦੀ ਸਾਰੀ ਟੀਮ ਨੂੰ ਵਧਾਈ ਦਿੱਤੀ ਏ।

---------------------------------------------------------------------------

ਪੰਜਾਬ ਦੇ ਮੈਡੀਕਲ ਕਾਲਜਾਂ ਵਿੱਚ ਲੋਕਾਂ ਨੂੰ ਮਿਆਰੀ ਇਲਾਜ ਤੇ ਮੈਡੀਕਲ ਟੈਸਟਾਂ ਦੀਆਂ ਸਹੂਲਤਾਂ ਮੁਹੱਈਆ ਕਰਨ ਲਈ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸੂਬੇ ਦੇ ਪ੍ਰਮੁੱਖ ਮੈਡੀਕਲ ਕਾਲਜਾਂ ਦੀ ਕਾਇਆ-ਕਲਪ ਕਰਨ ਵਾਸਤੇ 68.98 ਕਰੋੜ ਰੁਪਏ ਦੇ ਫੰਡ ਫੌਰੀ ਜਾਰੀ ਕਰਨ ਦਾ ਆਦੇਸ਼ ਦਿੱਤਾ ਏ। ਬੀਤੇ ਕੱਲ੍ਹ ਚੰਡੀਗੜ੍ਹ ਵਿਖੇ ਮੈਡੀਕਲ ਸਿੱਖਿਆ ਦੇ ਖੋਜ ਵਿਭਾਗ ਦੀ ਸਮੀਖਿਆ ਮੀਟਿੰਗ ਦੀ ਅਗਵਾਈ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਦੇ ਇਨ੍ਹਾਂ ਮੈਡੀਕਲ ਕਾਲਜਾਂ ਵਿੱਚ ਇਨ੍ਹਾਂ ਸਹੂਲਤਾਂ ਦਾ ਵਿਸਤਾਰ ਕਰਨਾ ਸਮੇਂ ਦੀ ਲੋੜ ਸੀ ਤਾਂ ਕਿ ਲੋਕਾਂ ਨੂੰ ਵਧੀਆ ਇਲਾਜ ਦੇ ਨਾਲ-ਨਾਲ ਮੈਡੀਕਲ ਟੈਸਟਾਂ ਦੀ ਸਹੂਲਤ ਯਕੀਨੀ ਬਣੇ। ਉਨ੍ਹਾਂ ਕਿਹਾ ਕਿ ਇਨ੍ਹਾਂ ਮੈਡੀਕਲ ਕਾਲਜਾਂ ਨੂੰ ਅਤਿ-ਆਧੁਨਿਕ ਤੇ ਵਿਸ਼ਵ ਪੱਧਰੀ ਮਸ਼ੀਨਰੀ ਨਾਲ ਲੈਸ ਕਰਨਾ ਜ਼ਰੂਰੀ ਏ ਤਾਂ ਕਿ ਇਹ ਮਰੀਜ਼ਾਂ ਨੂੰ ਬਿਹਤਰ ਤਰੀਕੇ ਨਾਲ ਸੇਵਾਵਾਂ ਦੇ ਸਕਣ

---------------------------------------------------------------------------

ਰਾਜੀਵ ਗਾਂਧੀ ਨੈਸ਼ਨਲ ਯੂਨੀਵਰਸਿਟੀ ਆਫ਼ ਲਾਅ, ਪਟਿਆਲਾ ਨੇ 7ਵੇਂ ਕਨਵੋਕੇਸ਼ਨ ਸਮਾਰੋਹ ਦੀ ਮੇਜ਼ਬਾਨੀ ਕੀਤੀ। ਕਨਵੋਕੇਸ਼ਨ ਵਿੱਚ 2023, 2024 ਅਤੇ 2025 ਬੈਚਾਂ ਦੇ ਸਾਰੇ ਪ੍ਰੋਗਰਾਮਾਂ ਦੇ ਕੁੱਲ 725 ਵਿਦਿਆਰਥੀਆਂ ਨੂੰ ਡਿਗਰੀਆਂ ਪ੍ਰਦਾਨ ਕੀਤੀਆਂ ਗਈਆਂ। ਇਸ ਤੋਂ ਇਲਾਵਾ, 2 LL.D. ਵਿਦਿਆਰਥੀਆਂ ਅਤੇ 9 ਪੀਐਚ.ਡੀ. ਵਿਦਿਆਰਥੀਆਂ ਨੂੰ ਵੀ ਡਿਗਰੀਆਂ ਪ੍ਰਦਾਨ ਕੀਤੀਆਂ ਗਈਆਂ। ਯੂਨੀਵਰਸਿਟੀ ਨੇ ਨਿਆਂ ਪ੍ਰਣਾਲੀ ਵਿੱਚ ਸ਼ਾਨਦਾਰ ਯੋਗਦਾਨ ਲਈ ਸੁਪਰੀਮ ਕੋਰਟ ਦੇ ਜੱਜ, ਜਸਟਿਸ ਪੰਕਜ ਮਿਥਲ ਅਤੇ ਜਸਟਿਸ ਰਾਜੇਸ਼ ਬਿੰਦਲ ਨੂੰ ਡਾਕਟਰ ਆਫ਼ ਲਾਅਜ਼, ਆਨਰਿਸ ਕਾਸਾ ਦੀ ਡਿਗਰੀ ਵੀ ਪ੍ਰਦਾਨ ਕੀਤੀ ਗਈ। ਸਮਾਗਮ ਦੌਰਾਨ ਦੇਸ਼ ਦੇ ਚੀਫ਼ ਜਸਟਿਸ ਜਸਟਿਸ ਸੂਰਿਆ ਕਾਂਤ ਨੇ ਗ੍ਰੈਜੂਏਟ ਹੋਣ ਵਾਲੇ ਵਿਦਿਆਰਥੀਆਂ ਨੂੰ ਸੰਵਿਧਾਨਕ ਕਦਰਾਂ-ਕੀਮਤਾਂ ਨੂੰ ਕਾਇਮ ਰੱਖਣ ਅਤੇ ਸਮਾਜ ਦੀ ਸੇਵਾ ਲਈ ਆਪਣੇ ਆਪ ਨੂੰ ਸਮਰਪਿਤ ਕਰਨ ਦੀ ਤਾਕੀਦ ਕੀਤੀ। ਉਨ੍ਹਾਂ ਵਿਦਿਆਰਥੀਆਂ ਨੂੰ ਰਾਸ਼ਟਰ ਨਿਰਮਾਤਾਵਾਂ ਅਤੇ ਭਾਰਤ ਦੇ ਸੰਵਿਧਾਨਕ ਭਵਿੱਖ ਦੇ ਰਖਵਾਲੇ ਵਜੋਂ ਆਪਣੀ ਭੂਮਿਕਾ ਨੂੰ ਅਪਣਾਉਣ ਲਈ ਕਿਹਾ।

---

ਪੰਜਾਬ ਦੇ ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਰਾਜ ਵਿੱਚ ਜਣੇਪੇ ਦੌਰਾਨ ਮਾਵਾਂ ਦੀ ਮੌਤ ਦਰ (ਐਮ.ਐਮ.ਆਰ.) ਨੂੰ ਘਟਾਉਣ ਲਈ ਸਰਕਾਰੀ ਸਿਹਤ ਸਹੂਲਤਾਂ ’ਤੇ ਪ੍ਰਮਾਣਿਤ ਤਕਨਾਲੋਜੀ-ਅਧਾਰਤ ਦਖਲ ਦੇ ਰਾਜ ਵਿਆਪੀ ਵਿਸਥਾਰ ਦਾ ਐਲਾਨ ਕੀਤਾ। ‘ਮਿਸ਼ਨ ਤੰਦਰੁਸਤ ਪੰਜਾਬ’ ਅਧੀਨ ਵਾਤਾਵਰਣ ਅਤੇ ਜਲਵਾਯੂ ਪਰਿਵਰਤਨ ਡਾਇਰੈਕਟੋਰੇਟ ਦੇ ਸਹਿਯੋਗ ਨਾਲ ‘ਜਣੇਪੇ ਦੌਰਾਨ ਮਾਵਾਂ ਦੀ ਮੌਤ ਦਰ (ਐਮ.ਐਮ.ਆਰ.) ਘਟਾਉਣ ਲਈ ਤਕਨੀਕੀ ਦਖਲਅੰਦਾਜ਼ੀ’ ਵਿਸ਼ੇ ’ਤੇ ਕਰਵਾਈ ਰਾਜ ਪੱਧਰੀ ਵਰਕਸ਼ਾਪ ਨੂੰ ਸੰਬੋਧਨ ਕਰਦੇ ਹੋਏ, ਸਿਹਤ ਮੰਤਰੀ ਨੇ ਕਿਹਾ ਕਿ ਸੂਬੇ ਵੱਲੋਂ ਮਾਵਾਂ ਦੀ ਮੌਤ, ਖਾਸ ਕਰਕੇ ਪੋਸਟ-ਪਾਰਟਮ ਹੈਮਰੇਜ (ਪੀ.ਪੀ.ਐਚ.) ਕਾਰਨ ਹੋਣ ਵਾਲੀਆਂ ਮੌਤਾਂ ਨੂੰ ਰੋਕਣ ਲਈ ਹਰ ਢੁਕਵੇਂ ਤਕਨੀਕੀ ਹੱਲ ਅਪਣਾਏ ਜਾਣਗੇ। ਪੰਜਾਬ ਵਿੱਚ ਇਸ ਵੇਲੇ ਪ੍ਰਤੀ ਇੱਕ ਲੱਖ ਜੀਵਤ ਜਣੇਪਿਆਂ ਵਿੱਚ 95 ਐਮ.ਐਮ.ਆਰ. ਦਰਜ ਏ, ਜਦੋਂ ਕਿ ਰਾਸ਼ਟਰੀ ਔਸਤ 88 ਏ।

---------------------------------------------------------------------

ਪੰਜਾਬ ਵਿੱਚ ਸਾਉਣੀ ਦੀ ਮੱਕੀ ਦੇ ਪਾਇਲਟ ਪ੍ਰੋਜੈਕਟ ਦੀ ਸਫਲਤਾ ਦੇ ਮੱਦੇਨਜ਼ਰ ਪਾਣੀ ਦੀ ਜ਼ਿਆਦਾ ਖਪਤ ਵਾਲੇ ਝੋਨੇ ਦੀ ਫਸਲ ਦੀ ਥਾਂ

ਸਾਉਣੀ ਦੀ ਮੱਕੀ ਦੀ ਖੇਤੀ ਵੱਲ ਰੁਖ਼ ਕਰਨ ਵਾਲੇ ਅਗਾਂਹਵਧੂ ਮੱਕੀ ਕਾਸ਼ਤਕਾਰਾਂ ਦਾ ਸਨਮਾਨ ਕੀਤਾ ਗਿਆ। ਸੂਬੇ ਦੇ ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਇਨ੍ਹਾਂ ਕਾਸ਼ਤਕਾਰਾਂ ਨੂੰ ਪ੍ਰਸੰਸਾ ਸਰਟੀਫਿਕੇਟ ਦਿੱਤੇ । ਇਸ ਮੌਕੇ ਮੰਤਰੀ ਨੇ ਕਿਹਾ ਕਿ ਸਾਉਣੀ ਦੀ ਮੱਕੀ ਪਾਇਲਟ ਪ੍ਰੋਜੈਕਟ, ਜਿਸ ਦਾ ਉਦੇਸ਼ ਫਸਲੀ ਵਿਭਿੰਨਤਾ, ਧਰਤੀ ਹੇਠਲੇ ਪਾਣੀ ਦੇ ਡਿੱਗ ਰਹੇ ਪੱਧਰ ਨੂੰ ਰੋਕਣਾ, ਮਿੱਟੀ ਦੀ ਸਿਹਤ ਵਿੱਚ ਸੁਧਾਰ ਕਰਨਾ ਅਤੇ ਕਿਸਾਨਾਂ ਦੀ ਆਮਦਨ ਵਧਾਉਣਾ ਏ, ਦੇ ਸਕਾਰਾਤਮਕ ਨਤੀਜੇ ਸਾਹਮਣੇ ਆਏ ਨੇ। ਸਰਕਾਰ ਅਗਲੇ ਸੀਜ਼ਨ ਲਈ ਇਸ ਪ੍ਰੋਗਰਾਮ ਦੇ ਵਿਸਥਾਰ ’ਤੇ ਵਿਚਾਰ ਕਰ ਰਹੀ ਏ ।

---------------------------------------------------------------------------
-

ਮੌਸਮ ਵਿਭਾਗ ਨੇ ਅੱਜ ਪੰਜਾਬ, ਹਰਿਆਣਾ , ਚੰਡੀਗੜ੍ਹ ਤੇ ਨੇੜਲੇ ਇਲਾਕਿਆਂ ਵਿਚ ਵੱਖ-ਵੱਖ ਥਾਵਾਂ 'ਤੇ ਸੰਘਣੀ ਤੋਂ ਬਹੁਤ ਸੰਘਣੀ ਧੁੰਦ ਦੀ ਪੇਸ਼ੀਨਗੋਈ ਕੀਤੀ ਏ। ਇਸ ਦੌਰਾਨ, ਦਿੱਲੀ-NCR ਵਿੱਚ ਹਵਾ ਦੀ ਗੁਣਵੱਤਾ ਬਹੁਤ ਖ਼ਰਾਬ ਸ਼੍ਰੇਣੀ ਵਿੱਚ ਬਣੀ ਹੋਈ ਏ। ਕੇਂਦਰੀ ਪ੍ਰਦੂਸ਼ਣ

ਕੰਟਰੋਲ ਬੋਰਡ ਅਨੁਸਾਰ, ਅੱਜ ਸਵੇਰੇ 7 ਵਜੇ ਰਾਸ਼ਟਰੀ ਰਾਜਧਾਨੀ ਦਾ ਔਸਤ ਹਵਾ ਗੁਣਵੱਤਾ ਸੂਚਕੰਕ (AQI) 355 ਦਰਜ ਕੀਤਾ ਗਿਆ।